ਗਉੜੀ ਮਾਲਾ ਮਹਲਾ ੫ ॥ ਹਰਿ ਬਿਨੁ ਅਵਰ ਕ੍ਰਿਆ ਬਿਰਥੇ ॥ ਜਪ ਤਪ ਸੰਜਮ ਕਰਮ ਕਮਾਣੇ ਇਹਿ ਓਰੈ ਮੂਸੇ ॥੧॥ ਰਹਾਉ ॥ ਬਰਤ ਨੇਮ ਸੰਜਮ ਮਹਿ ਰਹਤਾ ਤਿਨ ਕਾ ਆਢੁ ਨ ਪਾਇਆ ॥ ਆਗੈ ਚਲਣੁ ਅਉਰੁ ਹੈ ਭਾਈ ਊਂਹਾ ਕਾਮਿ ਨ ਆਇਆ ॥੧॥ ਤੀਰਥਿ ਨਾਇ ਅਰੁ ਧਰਨੀ ਭ੍ਰਮਤਾ ਆਗੈ ਠਉਰ ਨ ਪਾਵੈ ॥ ਊਹਾ ਕਾਮਿ ਨ ਆਵੈ ਇਹ ਬਿਧਿ ਓਹੁ ਲੋਗਨ ਹੀ ਪਤੀਆਵੈ ॥੨॥ ਚਤੁਰ ਬੇਦ ਮੁਖ ਬਚਨੀ ਉਚਰੈ ਆਗੈ ਮਹਲੁ ਨ ਪਾਈਐ ॥ ਬੂਝੈ ਨਾਹੀ ਏਕੁ ਸੁਧਾਖਰੁ ਓਹੁ ਸਗਲੀ ਝਾਖ ਝਖਾਈਐ ॥੩॥ ਨਾਨਕੁ ਕਹਤੋ ਇਹੁ ਬੀਚਾਰਾ ਜਿ ਕਮਾਵੈ ਸੁ ਪਾਰ ਗਰਾਮੀ ॥ ਗੁਰੁ ਸੇਵਹੁ ਅਰੁ ਨਾਮੁ ਧਿਆਵਹੁ ਤਿਆਗਹੁ ਮਨਹੁ ਗੁਮਾਨੀ ॥੪॥੬॥੧੬੪॥ {ਪੰਨਾ 216}

ਪਦਅਰਥ:- ਅਵਰ—ਹੋਰ। ਕ੍ਰਿਆ—ਕਰਮ। ਸੰਜਮ—ਮਨ ਨੂੰ ਵਿਕਾਰਾਂ ਵਲੋਂ ਰੋਕਣ ਦੇ ਜਤਨ। ਇਹਿ—{'ਇਹ' ਤੋਂ ਬਹੁ-ਵਚਨ}। ਓਰੈ—ਉਰੇ ਉਰੇ ਹੀ। ਮੂਸੇ—ਠੱਗੇ ਜਾਂਦੇ ਹਨ, ਲੁੱਟੇ ਜਾਂਦੇ ਹਨ।1। ਰਹਾਉ।

ਆਢੁ—ਅੱਧੀ ਕੌਡੀ। ਆਗੈ—ਅਗਾਂਹ ਪਰ ਲੋਕ ਵਿਚ। ਚਲਣੁ—ਨਾਲ ਜਾਣ ਵਾਲਾ ਪਦਾਰਥ। ਕਾਮਿ—ਕੰਮ ਵਿਚ। ਊਹਾ—ਪਰਲੋਕ ਵਿਚ, ਪ੍ਰਭੂ ਦੀ ਦਰਗਾਹ ਵਿਚ।1।

ਤੀਰਥਿ—ਤੀਰਥ ਉਤੇ! ਨਾਇ—ਨ੍ਹਾਉਂਦਾ ਹੈ। ਅਰੁ—ਅਤੇ {ਲਫ਼ਜ਼ 'ਅਰੁ' ਅਤੇ 'ਅਰਿ' ਦਾ ਫ਼ਰਕ ਚੇਤੇ ਰਹੇ}। ਧਰਨੀ—ਧਰਤੀ। ਠਉਰ—ਥਾਂ। ਬਿਧਿ—ਤਰੀਕਾ। ਲੋਗਨ ਹੀ—ਲੋਕਾਂ ਨੂੰ ਹੀ। ਪਤੀਆਵੈ—ਤਸੱਲੀ ਦੇਂਦਾ ਹੈ, ਨਿਸ਼ਚਾ ਕਰਾਂਦਾ ਹੈ।2।

ਚਤੁਰ—ਚਾਰ। ਮੁਖ ਬਚਨੀ—ਮੂੰਹ ਦੇ ਬਚਨਾਂ ਨਾਲ, ਜ਼ਬਾਨੀ। ਮਹਲੁ—ਟਿਕਾਣਾ। ਸੁਧਾਖਰੁ—ਸ਼ੁੱਧ ਅੱਖਰ, ਪਵਿੱਤਰ ਲਫ਼ਜ਼, ਪਰਮਾਤਮਾ ਦਾ ਨਾਮ। ਓਹੁ—ਉਹ ਮਨੁੱਖ। ਝਾਖ ਝਖਾਈਐ—ਖ਼ੁਆਰੀ ਹੀ ਸਹੇੜਦਾ ਹੈ।3।

ਨਾਨਕੁ ਕਹਤੋ—ਨਾਨਕ ਆਖਦਾ ਹੈ {ਲਫ਼ਜ਼ 'ਨਾਨਕੁ' ਅਤੇ 'ਨਾਨਕ' ਦਾ ਫ਼ਰਕ}। ਜਿ—ਜੇਹੜਾ ਮਨੁੱਖ। ਪਾਰ ਗਰਾਮੀ—ਤਾਰੂ, ਪਾਰ ਲੰਘਣ ਜੋਗਾ। ਮਨਹੁ—ਮਨ ਤੋਂ। ਗੁਮਾਨੀ—ਗੁਮਾਨ, ਹੰਕਾਰ।4।

ਅਰਥ:- (ਹੇ ਭਾਈ!) ਪਰਮਾਤਮਾ ਦੇ ਸਿਮਰਨ ਤੋਂ ਬਿਨਾ ਹੋਰ ਸਾਰੇ (ਮਿਥੇ ਹੋਏ ਧਾਰਮਿਕ) ਕੰਮ ਵਿਅਰਥ ਹਨ। (ਦੇਵਤਿਆਂ ਨੂੰ ਪ੍ਰਸੰਨ ਕਰਨ ਵਾਲੇ) ਜਪ ਕਰਨੇ, ਤਪ ਸਾਧਣੇ, ਇੰਦ੍ਰੀਆਂ ਨੂੰ ਵਿਕਾਰਾਂ ਵਲੋਂ ਰੋਕਣ ਲਈ ਹਠ-ਜੋਗ ਦੇ ਸਾਧਨ ਕਰਨੇ—ਇਹ ਸਾਰੇ (ਪ੍ਰਭੂ ਦੀ ਦਰਗਾਹ ਤੋਂ) ਉਰੇ ਉਰੇ ਹੀ ਖੋਹ ਲਏ ਜਾਂਦੇ ਹਨ।1।

ਮਨੁੱਖ ਵਰਤਾਂ ਸੰਜਮਾਂ ਦੇ ਨੇਮ ਵਿਚ ਰੁੱਝਾ ਰਹਿੰਦਾ ਹੈ, ਪਰ ਉਹਨਾਂ ਉੱਦਮਾਂ ਦਾ ਮੁੱਲ ਉਸ ਨੂੰ ਇਕ ਕੌਡੀ ਭੀ ਨਹੀਂ ਮਿਲਦਾ। ਹੇ ਭਾਈ! ਜੀਵ ਦੇ ਨਾਲ ਪਰਲੋਕ ਵਿਚ ਸਾਥ ਨਿਬਾਹੁਣ ਵਾਲਾ ਪਦਾਰਥ ਹੋਰ ਹੈ (ਬਰਤ ਨੇਮ ਸੰਜਮ ਆਦਿਕ ਵਿਚੋਂ ਕੋਈ ਭੀ) ਪਰਲੋਕ ਵਿਚ ਕੰਮ ਨਹੀਂ ਆਉਂਦਾ।1।

ਜੇਹੜਾ ਮਨੁੱਖ ਤੀਰਥ ਉਤੇ ਇਸ਼ਨਾਨ ਕਰਦਾ ਹੈ ਤੇ (ਤਿਆਗੀ ਬਣ ਕੇ) ਧਰਤੀ ਉਤੇ ਰਟਨ ਕਰਦਾ ਫਿਰਦਾ ਹੈ (ਉਹ ਭੀ) ਪ੍ਰਭੂ ਦੀ ਦਰਗਾਹ ਵਿਚ ਥਾਂ ਨਹੀਂ ਲੱਭ ਸਕਦਾ। ਅਜੇਹਾ ਕੋਈ ਤਰੀਕਾ ਪ੍ਰਭੂ ਦੀ ਹਜ਼ੂਰੀ ਵਿਚ ਕੰਮ ਨਹੀਂ ਆਉਂਦਾ, ਉਹ (ਤਿਆਗੀ ਇਹਨਾਂ ਤਰੀਕਿਆਂ ਨਾਲ) ਸਿਰਫ਼ ਲੋਕਾਂ ਨੂੰ ਹੀ (ਆਪਣੇ ਧਰਮੀ ਹੋਣ ਦਾ) ਨਿਸ਼ਚਾ ਦਿਵਾਂਦਾ ਹੈ।2।

(ਹੇ ਭਾਈ! ਜੇ ਪੰਡਿਤ) ਚਾਰੇ ਵੇਦ ਜ਼ਬਾਨੀ ਉਚਾਰ ਸਕਦਾ ਹੈ (ਤਾਂ ਇਸ ਤਰ੍ਹਾਂ ਭੀ) ਪ੍ਰਭੂ ਦੀ ਹਜ਼ੂਰੀ ਵਿਚ ਟਿਕਾਣਾ ਨਹੀਂ ਮਿਲਦਾ। ਜੇਹੜਾ ਮਨੁੱਖ ਪਰਮਾਤਮਾ ਦਾ ਪਵਿਤ੍ਰ ਨਾਮ (ਸਿਮਰਨਾ) ਨਹੀਂ ਸਮਝਦਾ ਉਹ (ਹੋਰ ਹੋਰ ਉੱਦਮਾਂ ਨਾਲ) ਨਿਰੀ ਖ਼ੁਆਰੀ ਹੀ ਖ਼ੁਆਰੀ ਸਹੇੜਦਾ ਹੈ।3।

(ਹੇ ਭਾਈ!) ਨਾਨਕ ਇਹ ਇਕ ਵਿਚਾਰ ਦੀ ਗੱਲ ਆਖਦਾ ਹੈ, ਜੇਹੜਾ ਮਨੁੱਖ ਇਸ ਨੂੰ ਵਰਤੋਂ ਵਿਚ ਲਿਆਉਂਦਾ ਹੈ

ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਜਾਂਦਾ ਹੈ (ਉਹ ਵਿਚਾਰ ਇਹ ਹੈ—ਹੇ ਭਾਈ!) ਗੁਰੂ ਦੀ ਸਰਨ ਪਵੋ, ਆਪਣੇ ਮਨ ਵਿਚੋਂ ਹੰਕਾਰ ਦੂਰ ਕਰੋ, ਤੇ, ਪਰਮਾਤਮਾ ਦਾ ਨਾਮ ਸਿਮਰੋ।4।6। 164।